ਬਸੰਤੁ ਮਹਲਾ ੧ ॥ ਦੁਬਿਧਾ ਦੁਰਮਤਿ ਅਧੁਲੀ ਕਾਰ ॥ ਮਨਮੁਖਿ ਭਰਮੈ ਮਝਿ ਗੁਬਾਰ ॥ ੧॥ ਮਨੁ ਅੰਧੁਲਾ ਅੰਧੁਲੀ ਮਤਿ ਲਾਗੈ ॥ ਗੁਰ ਕਰਣੀ ਬਿਨੁ ਭਰਮੁ ਨ ਭਾਗੈ ॥੧॥ ਰਹਾਉ ॥ ਮਨਮੁਖਿ ਅੰਧੁਲੇ ਗੁਰਮਤਿ ਨ ਭਾਈ ॥ ਪਸੂ ਭਏ ਅਭਿਮਾਨੁ ਨ ਜਾਈ ॥ ੨॥ ਲਖ ਚਉਰਾਸੀਹ ਜੰਤ ਉਪਾਏ ॥ ਮੇਰੇ ਠਾਕੁਰ ਭਾਣੇ ਸਿਰਜਿ ਸਮਾਏ ॥ ੩॥ ਸਗਲੀ ਭੂਲੈ ਨਹੀ ਸਬਦੁ ਅਚਾਰੁ ॥ ਸੋ ਸ ਮਝੈ ਜਿਸੁ ਗੁਰੁ ਕਰਤਾਰੁ ॥੪॥ ਗੁਰ ਕੇ ਚਾਕਰ ਠਾਕੁਰ ਭਾਣੇ ॥ ਬਖਸਿ ਲੀਏ ਨਾਹੀ ਜਮ ਕਾਣੇ ॥ ੫॥ ਜਿਨ ਕੈ ਹਿਰਦੈ ਏਕੋ ਭਾਇਆ ॥ ਆਪੇ ਮੇਲੇ ਭਰਮੁ ਚੁਕਾਇਆ ॥੬॥ ਬੇਮੁਹਤਾਜੁ ਬੇਅੰਤੁ ਅਪਾਰਾ ॥ ਸਚਿ ਪਤੀਜੈ ਕਰਣੈਹਾਰਾ ॥੭॥ ਨਾਨਕ ਭੂਲੇ ਗੁਰੁ ਸਮਝਾਵੈ ॥ ਏਕੁ ਦਿਖਾਵੈ ਸਾਚਿ ਟਿਕਾਵੈ ॥ ੮॥੬॥ {ਪੰਨਾ 1190}

ਪਦਅਰਥ:- ਦੁਬਿਧਾ—ਦੁ-ਕਿਸਮਾ-ਪਨ, ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ। ਅਧੁਲੀ—ਅੰਧੁਲੀ, ਅੰਨ੍ਹੀ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ। ਮਝਿ—ਵਿਚ। ਗੁਬਾਰ—ਹਨੇਰਾ, ਅਗਿਆਨਤਾ ਦਾ ਹਨੇਰਾ।1।

ਅੰਧੁਲੀ ਮਤਿ—ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਮਤਿ। ਭਰਮੁ—ਭਟਕਣਾ।1। ਰਹਾਉ।

ਨ ਭਾਈ—ਪਸੰਦ ਨਹੀਂ ਆਉਂਦੀ।2।

ਸਿਰਜਿ—ਪੈਦਾ ਕਰ ਕੇ। ਸਮਾਏ—ਲੀਨ ਕਰ ਲੈਂਦਾ ਹੈ।3।

ਅਚਾਰੁ—ਆਚਾਰ, ਚੰਗਾ ਜੀਵਨ।4।

ਕਾਣੇ—ਮੁਥਾਜੀ।5।

ਭਾਇਆ—ਚੰਗਾ ਲੱਗਾ।6।

ਸਚਿ—ਸੱਚ ਦੀ ਰਾਹੀਂ, ਸਿਮਰਨ ਦੀ ਰਾਹੀਂ। ਪਤੀਜੈ—ਪ੍ਰਸੰਨ ਹੁੰਦਾ ਹੈ।7।

ਏਕੁ—ਇੱਕ ਪਰਮਾਤਮਾ। ਸਾਚਿ—ਸਦਾ-ਥਿਰ ਪ੍ਰਭੂ ਵਿਚ।8।

ਅਰਥ:- ਮਾਇਆ ਵਿਚ ਅੰਨ੍ਹਾ ਹੋਇਆ ਮਨ ਉਸੇ ਮਤਿ ਦੇ ਪਿੱਛੇ ਤੁਰਦਾ ਹੈ ਜੋ (ਆਪ ਭੀ) ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਪਈ ਹੈ (ਤੇ ਉਹ ਮਨ ਮਾਇਆ ਦੀ ਭਟਕਣਾ ਵਿਚ ਹੀ ਰਹਿੰਦਾ ਹੈ)। ਗੁਰੂ ਦੀ ਦੱਸੀ ਕਾਰ ਕਰਨ ਤੋਂ ਬਿਨਾ ਮਨ ਦੀ ਇਹ ਭਟਕਣਾ ਦੂਰ ਨਹੀਂ ਹੁੰਦੀ।1। ਰਹਾਉ।

ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਦੇ) ਹਨੇਰੇ ਵਿਚ ਭਟਕਦਾ ਫਿਰਦਾ ਹੈ (ਠੇਡੇ ਖਾਂਦਾ ਫਿਰਦਾ ਹੈ, ਉਸ ਨੂੰ ਸਹੀ ਜੀਵਨ-ਪੰਧ ਨਹੀਂ ਦਿੱਸਦਾ)। ਉਹ ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਰੱਖਦਾ ਹੈ, (ਮਾਇਆ ਦੇ ਮੋਹ ਵਿਚ) ਅੰਨ੍ਹੀ ਹੋ ਚੁਕੀ ਭੈੜੀ ਮਤਿ ਦੇ ਪਿੱਛੇ ਲੱਗ ਕੇ ਹੀ ਕਾਰ ਕਰਦਾ ਹੈ।1।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਅੰਨ੍ਹੇ ਮਨੁੱਖਾਂ ਨੂੰ ਗੁਰੂ ਦੀ (ਦਿੱਤੀ) ਮਤਿ ਪਸੰਦ ਨਹੀਂ ਆਉਂਦੀ (ਉਹ ਵੇਖਣ ਨੂੰ ਭਾਵੇਂ ਮਨੁੱਖ ਹਨ ਪਰ ਸੁਭਾਵ ਵਲੋਂ) ਪਸ਼ੂ ਹੋ ਚੁਕੇ ਹੁੰਦੇ ਹਨ, (ਉਹਨਾਂ ਦੇ ਅੰਦਰੋਂ) ਆਕੜ ਨਹੀਂ ਜਾਂਦੀ।2।

ਸਿਰਜਣਹਾਰ ਪ੍ਰਭੂ ਚੌਰਾਸੀ ਲੱਖ ਜੂਨਾਂ ਵਿਚ ਬੇਅੰਤ ਜੀਵ ਪੈਦਾ ਕਰਦਾ ਹੈ, ਜਿਵੇਂ ਉਸ ਠਾਕੁਰ ਦੀ ਮਰਜ਼ੀ ਹੁੰਦੀ ਹੈ, ਪੈਦਾ ਕਰਦਾ ਹੈ ਤੇ ਨਾਸ ਭੀ ਕਰ ਦੇਂਦਾ ਹੈ।3। ;

ਪਰ ਉਹ ਸਾਰੀ ਹੀ ਲੁਕਾਈ ਕੁਰਾਹੇ ਪਈ ਰਹਿੰਦੀ ਹੈ ਜਦ ਤਕ ਉਹ ਗੁਰੂ ਦਾ ਸ਼ਬਦ (ਹਿਰਦੇ ਵਿਚ ਨਹੀਂ ਵਸਾਂਦੀ, ਤੇ ਜਦ ਤਕ ਉਸ ਸ਼ਬਦ ਅਨੁਸਾਰ ਆਪਣਾ) ਕਰਤੱਬ ਨਹੀਂ ਬਣਾਂਦੀ। ਉਹੀ ਜੀਵ (ਜੀਵਨ ਦੇ ਸਹੀ ਰਸਤੇ ਨੂੰ)

ਸਮਝਦਾ ਹੈ ਜਿਸ ਦਾ ਰਾਹਬਰ ਗੁਰੂ ਬਣਦਾ ਹੈ ਕਰਤਾਰ ਬਣਦਾ ਹੈ।4।

ਜੇਹੜੇ ਮਨੁੱਖ ਸਤਿਗੁਰੂ ਦੇ ਸੇਵਕ ਬਣਦੇ ਹਨ ਉਹ ਪਾਲਣਹਾਰ ਪ੍ਰਭੂ ਨੂੰ ਪਸੰਦ ਆ ਜਾਂਦੇ ਹਨ। ਉਹਨਾਂ ਨੂੰ ਜਮਾਂ ਦੀ ਮੁਥਾਜੀ ਨਹੀਂ ਰਹਿ ਜਾਂਦੀ ਕਿਉਂਕਿ ਪ੍ਰਭੂ ਨੇ ਉਹਨਾਂ ਉਤੇ ਮੇਹਰ ਕਰ ਦਿੱਤੀ ਹੁੰਦੀ ਹੈ।5।

ਜਿਨ੍ਹਾਂ ਬੰਦਿਆਂ ਨੂੰ ਆਪਣੇ ਹਿਰਦੇ ਵਿਚ ਇਕ ਪਰਮਾਤਮਾ ਹੀ ਪਿਆਰਾ ਲੱਗਦਾ ਹੈ, ਉਹਨਾਂ ਨੂੰ ਪਰਮਾਤਮਾ ਆਪ ਹੀ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, ਉਹਨਾਂ ਦੀ ਭਟਕਣਾ ਦੂਰ ਹੋ ਜਾਂਦੀ ਹੈ।6।

ਸਾਰੀ ਸ੍ਰਿਸ਼ਟੀ ਦਾ ਸਿਰਜਣਹਾਰ ਪ੍ਰਭੂ ਸਿਮਰਨ ਦੀ ਰਾਹੀਂ ਹੀ ਖ਼ੁਸ਼ ਕੀਤਾ ਜਾ ਸਕਦਾ ਹੈ, ਉਹ ਬੇ-ਮੁਥਾਜ ਹੈ ਬੇਅੰਤ ਹੈ ਉਸ ਦੀ ਹਸਤੀ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ।7।

ਹੇ ਨਾਨਕ! (ਮਾਇਆ ਦੇ ਮੋਹ ਵਿਚ ਫਸ ਕੇ) ਕੁਰਾਹੇ ਪਏ ਮਨੁੱਖ ਨੂੰ ਗੁਰੂ (ਹੀ ਸਮਝਾ ਸਕਦਾ ਹੈ। ਗੁਰੂ ਉਸ ਨੂੰ ਇੱਕ ਪਰਮਾਤਮਾ ਦਾ ਦੀਦਾਰ ਕਰਾ ਦੇਂਦਾ ਹੈ, ਉਸ ਨੂੰ ਸਦਾ-ਥਿਰ ਪਰਮਾਤਮਾ (ਦੀ ਯਾਦ) ਵਿਚ ਜੋੜ ਦੇਂਦਾ ਹੈ।8।6।